# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 22-11-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ, ਵਿਕਸਤ ਰਾਸ਼ਟਰ ਬਣਨ ਲਈ, ਸਾਰੇ ਨਾਗਰਿਕਾਂ ਵਲੋਂ 'ਰਾਸ਼ਟਰ ਪਹਿਲਾਂ' ,ਪਹੁੰਚ ਅਪਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ।
- ਸੰਸਦ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕੇ ਚੋਗਿਰਦੇ ਨੂੰ ਸਾਫ ਰੱਖਣਾ, ਹਰ ਇਕ ਵਿਅਕਤੀ ਦੀ ਜ਼ਿੱਮੇਵਾਈ ਏ।
- ਪੰਜਾਬ ਵਿਧਾਨ ਸਭਾ ਦੀਆਂ 4 ਸੀਟਾਂ ਦੀ ਜ਼ਿਮਨੀ ਚੋਣ ਵਿਚ ਨਿਤਰੇ ਕੁੱਲ 45 ਉਮੀਦਵਾਰਾ ਦੀ ਕਿਸਮਤ ਦਾ ਫੈਸਲਾ ਕੱਲ ਹੋਵੇਗਾ ।

- ਜਲੰਧਰ ਕਮਿਸ਼ਨਰੇਟ ਪੁਲਿਸ ਨੇ ਜਲੰਧਰ ਚੋਂ, ਲੰਡਾ ਗਿਰੋਹ ਦੇ ਦੋ ਖ਼ਤਰਨਾਕ ਗੈਂਗਸਟਰਾਂ ਨੂੰ ਹਥਿਆਰਾਂ ਸਮੇਤ ਕੀਤਾ ਗ੍ਰਿਫ਼ਤਾਰ ।

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਇੱਕ ਵਿਕਸਤ ਰਾਸ਼ਟਰ ਬਣਨ ਲਈ, ਸਾਰੇ ਨਾਗਰਿਕਾਂ ਵਲੋਂ 'ਰਾਸ਼ਟਰ ਪਹਿਲਾਂ' ਪਹੁੰਚ ਅਪਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਏ। ਅੱਜ ਹੈਦਰਾਬਾਦ ਵਿੱਚ ਲੋਕ ਮੰਥਨ ਦੇ ਚੌਥੇ ਸੰਸਕਰਣ ਨੂੰ ਸੰਬੋਧਨ ਕਰਦਿਆਂ, ਰਾਸ਼ਟਰਪਤੀ ਮੁਰਮੂ ਨੇ ਕਈ ਖੇਤਰਾਂ ਵਿੱਚ ਵਿਭਿੰਨਤਾ ਦੇ ਬਾਵਜੂਦ ਦੇਸ਼ ਨੂੰ ਇੱਕਜੁੱਟ ਰੱਖਣ ਲਈ, ਭਾਰਤੀ ਸੱਭਿਆਚਾਰ, ਭਾਸ਼ਾ, ਰਿਵਾਇਤਾਂ ਅਤੇ ਗਿਆਨ ਨੂੰ ਸੁਰਜੀਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। BYTE: ਰਾਸ਼ਟਰਪਤੀ ਨੇ ਹੈਦਰਾਬਾਦ ਵਿੱਚ ਅੰਤਰ-ਰਾਸ਼ਟਰੀ ਸੱਭਿਆਚਾਰਕ ਉਤਸਵ ਦਾ ਰਸਮੀ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਗੁਲਾਮੀ ਦੀ ਮਾਨਸਿਕਤਾ ਨੂੰ ਬਦਲ ਕੇ ਹੀ ਸਮਾਜਿਕ ਅਸਮਾਨਤਾਵਾਂ ਨੂੰ ਦੂਰ ਕੀਤਾ ਜਾ ਸਕਦਾ ਏ। ਰਾਸ਼ਟਰਪਤੀ ਮੁਰਮੂ ਨੇ ਸਰਕਾਰ ਵਲੋਂ ਨਵੇਂ ਅਪਰਾਧਿਕ ਕਾਨੂੰਨ

ਬਣਾਉਣ ਅਤੇ ਰਾਸ਼ਟਰਪਤੀ ਭਵਨ ਦੇ ਦਰਬਾਰ ਹਾਲ ਦਾ ਨਾਮ ਬਦਲਣ ਵਰਗੇ ਹਾਲ ਹੀ ਦੇ ਉਪਰਾਲਿਆਂ ਦਾ ਜ਼ਿਕਰ ਕੀਤਾ।

---------------------------------------------------------

ਭਾਰਤ ਨੇ ਅਜ਼ਰਬਾਈਜਾਨ ਵਿੱਚ ਬਾਕੂ, ਵਿਖੇ ਆਯੋਜਿਤ COP-29 ਪੂਰਨ ਸੈਸ਼ਨ ਵਿੱਚ ਜਲਵਾਯੂ ਨੂੰ ਲੈਕੇ ਢੁਕਵੇਂ ਵਿੱਤੀ ਪ੍ਰਬੰਧਾਂ ਦੀ ਬਜਾਏ ਸਿਰਫ ਜਲਵਾਯੂ ਤਬਦੀਲੀ ਦੇ ਮਾੜੇ ਪ੍ਰਭਾਵਾਂ ਨੂੰ ਘੱਟ ਕਰਨ 'ਤੇ ਧਿਆਨ ਦੇਣ 'ਤੇ ਨਿਰਾਸ਼ਾ ਜ਼ਾਹਰ ਕੀਤੀ ਏ।ਭਾਰਤ ਨੇ ਦੁਹਰਾਇਆ ਏ ਕਿ ਜਲਵਾਯੂ ਪਰਿਵਰਤਨ ਨਾਲ ਨਜਿੱਠਣ ਦੀ ਪ੍ਰਕਿਰਿਆ ਜਲਵਾਯੂ ਪਰਿਵਰਤਨ 'ਤੇ ਸੰਯੁਕਤ ਰਾਸ਼ਟਰ ਫਰੇਮਵਰਕ ਕਨਵੈਨਸ਼ਨ ਅਤੇ ਇਸਦੇ ਪੈਰਿਸ ਸਮਝੌਤੇ ਦੇ ਅਨੁਸਾਰ ਹੋਣੀ ਚਾਹੀਦੀ ਏ ਕਿਉਂਕਿ ਵਿਕਾਸਸ਼ੀਲ ਦੇਸ਼ ਅਜੇ ਵੀ ਜਲਵਾਯੂ ਪਰਿਵਰਤਨ ਦੇ ਗੰਭੀਰ ਪ੍ਰਭਾਵਾਂ ਦਾ ਸਾਹਮਣਾ ਕਰ ਰਹੇ ਨੇ। ਭਾਰਤ ਨੇ ਜਲਵਾਯੂ ਪਰਿਵਰਤਨ ਨਾਲ ਨਜਿੱਠਣ ਦੀ ਪ੍ਰਕਿਰਿਆ ਵਿੱਚ, ਪੰਜ ਮਹੱਤਵਪੂਰਨ ਮੁੱਦਿਆਂ ਤੇ ਆਪਣਾ ਰੁੱਖ ਰੱਖਿਆ ਏ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਐਤਵਾਰ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਦੇਸ਼-ਵਿਦੇਸ਼ ਵਿਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ । ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਇਸ ਰੇਡੀਓ ਪ੍ਰੋਗਰਾਮ ਦਾ ਇਹ 116ਵੀਂ ਲੜੀ ਹੋਵੇਗੀ । ਪ੍ਰੋਗਰਾਮ ਦਾ ਪ੍ਰਸਾਰਣ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁਚੇ ਨੈੱਟਵਰਕ, AIR ਨਿਊਜ਼ ਵੈੱਬਸਾਈਟ, ਅਤੇ News on AIR ਮੋਬਾਈਲ ਐਪ 'ਤੇ ਕੀਤਾ ਜਾਵੇਗਾ । ਇਸ ਨੂੰ AIR News, DD News, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਯੂਟਿਊਬ ਚੈਨਲਾਂ 'ਤੇ ਵੀ ਤੇ ਵੀ ਸਿੱਧਾ ਪ੍ਰਸਾਰਿਤ ਕੀਤਾ ਜਾਵੇਗਾ । ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਿਤ ਕਰੇਗਾ ।

---------------------------------------------------------------

ਉੱਘੇ ਵਾਤਾਵਰਣ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਬਲਬੀਰ ਸਿੰਘ ਸੀਚੇਵਾਲ ਨੇ ਸਮੂਹਿਕ ਇਕਜੁੱਟਤਾ ਦਾ ਸੱਦਾ ਦਿੰਦਿਆਂ ਕਿਹਾ ਕਿ

ਵਾਤਾਵਰਣ ਦੀ ਸ਼ੁੱਧਤਾ ਬਰਕਰਾਰ ਰੱਖਣ ਲਈ ਸਭ ਨੂੰ ਅੱਗੇ ਆ ਕੇ ਆਪਣਾ ਯੋਗਦਾਨ ਪਾਉਣਾ ਚਾਹੀਦਾ ਏ । ਉਹ ਅੱਜ ਜਲੰਧਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰ ਰਹੇ ਸਨ । ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਓਹਨਾ ਨੇ ਜ਼ਿਲ੍ਹੇ ਵਿੱਚ ਚੱਲ ਰਹੇ ਡਰੇਨਾਂ ਦੀ ਸਫਾਈ ਦੇ ਵੱਖ-ਵੱਖ ਪ੍ਰਾਜੈਕਟਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਵਿਭਾਗਾਂ ਦੇ ਅਧਿਕਾਰੀ ਜਿੱਥੇ ਹੋਰ ਗੰਭੀਰਤਾ ਨਾਲ ਕੰਮ ਕਰਨ, ਉਥੇ ਹਰੇਕ ਵਿਅਕਤੀ ਦੀ ਵੀ ਜ਼ਿੰਮੇਵਾਰੀ ਬਣਦੀ ਏ ਕਿ ਡਰੇਨਾਂ ਵਿੱਚ ਗੰਦਗੀ ਨਾ ਫੈਲਾਈ ਜਾਵੇ । ਸੰਤ ਸੀਚੇਵਾਲ ਨੇ ਕਿਹਾ ਕਿ ਵਾਤਾਵਰਣ ਦੀ ਸ਼ੁੱਧਤਾ ਬਰਕਰਾਰ ਰੱਖਣਾ ਸਭ ਦੀ ਸਾਂਝੀ ਜ਼ਿੰਮੇਵਾਰੀ ਬਣਦੀ ਏ , ਇਸ ਲਈ ਇਸ ਪਾਸੇ ਸਾਂਝੇ ਸੁਹਿਰਦ ਉਪਰਾਲਿਆਂ ਦੀ ਲੋੜ ਏ । ਓਹਨਾ ਨੇ ਸਬੰਧਿਤ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਡਰੇਨਾਂ ਵਿੱਚ ਡੇਅਰੀਆਂ ਦੀ ਰਹਿੰਦ ਖੂਹੰਦ ਦੇ ਨਿਕਾਸ ਨੂੰ ਸਖ਼ਤੀ ਨਾਲ ਰੋਕਿਆ ਜਾਵੇ ਅਤੇ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ ।

---------------------------------------------------------------

ਅੱਜ 55ਵੇਂ ਭਾਰਤੀ ਕੌਮਾਂਤਰੀ ਫਿਲਮ ਉਤਸਵ (ਇਫੀ ) ਵਿੱਚ ਫਿਲਮਾਂ ਦੀ ਸਕ੍ਰੀਨਿੰਗ ਦੇ ਦੂਜੇ ਦਿਨ ਵੱਖ-ਵੱਖ ਸ਼ੈਲੀਆਂ, ਅਤੇ ਭਾਸ਼ਾਵਾਂ ਦੀਆਂ 70 ਤੋਂ ਵੱਧ ਫਿਲਮਾਂ ਅੱਜ ਪ੍ਰਦਰਸ਼ਿਤ ਕੀਤੀਆਂ ਜਾ ਰਹੀਆਂ ਨੇ।ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ, ਫਿਲਮ ਉਤਸਵ ਵਿਖੇ ਵਿਸ਼ੇਸ਼ ਸੱਦੇ ਤੇ ਆਏ ਜਾਰਜ ਟਿਲਰ ਨੇ ਦਸਿਆ ਕਿ ਉਨ੍ਹਾਂ ਦਾ ਤਜਰਬਾ ਬਹੁਤ ਜ਼ਿਆਦਾ ਸਕਾਰਾਤਮਕ ਰਿਹਾ ਏ ਕਿਉਂਕਿ ਇਸ ਮੰਚ ਨੇ ਉਨ੍ਹਾਂ ਨੂੰ ਨਵੇਂ ਸੰਪਰਕ ਬਣਾਉਣ ਦੇ ਮੌਕੇ ਪ੍ਰਦਾਨ ਕੀਤੇ ਨੇ। ਉਤਸਵ ਵਿੱਚ ਵੱਖ-ਵੱਖ ਖੇਤਰਾਂ ਦੀਆਂ ਫਿਲਮੀ ਹਸਤੀਆਂ ਵੀ ਸ਼ਿਰਕਤ ਕਰ ਰਹੀਆਂ ਨੇ । ਫਿਲਮ ਅਤੇ ਓ.ਟੀ.ਟੀ ਅਭਿਨੇਤਰੀ ਰਸ਼ਮੀ ਅਗਡੇਕਰ ਨੇ ਦੱਸਿਆ ਕਿ ਕਿਵੇਂ ਉਤਸਵ ਵਰਗਾ ਮੰਚ ਨਿਰਦੇਸ਼ਕਾਂ ਅਤੇ ਨਿਰਮਾਤਾਵਾਂ ਨੂੰ ਮਿਲਣ ਦੇ ਮੌਕੇ ਪ੍ਰਦਾਨ ਕਰਕੇ ਇੱਕ ਕਲਾਕਾਰ ਦੇ ਰੂਪ ਵਿੱਚ ਉਨ੍ਹਾਂ ਦੀ ਮਦਦ ਕਰਦਾ ਏ । ਇਸ ਤੋਂ ਇਲਾਵਾ, ਹੁਣ ਕੁਝ ਖਾਸ ਪਲਾਂ ਵਿੱਚੋਂ ਇੱਕ IFFI ਪਰੇਡ ਹੋਣ ਜਾ ਰਹੀ ਏ, ਜਿਸ ਵਿਚ ਪਰੇਡ ਦੇ ਰੂਟ ਦੇ ਨਾਲ

ਹਵਾ ਵਿਚ ਬਲਦੀਆਂ ਲਾਲਟੈਨਾ ਨੂੰ ਆਸਮਾਨ ਵਿਚ ਛੱਡਣ ਦਾ ਮੁਕਾਬਲਾ ਵੀ ਆਯੋਜਿਤ ਕੀਤਾ ਜਾਵੇਗਾ।

---------------------------------------------------------

ਸਮਾਜਿਕ ਸੁਰੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਡਾਇਰੈਕਟਰ ਵੱਲੋ ਜਾਰੀ ਦਿਸ਼ਾ ਨਿਰਦੇਸ਼ ਤਹਿਤ ਬਾਲ ਮਜ਼ਦੂਰੀ ਦੀ ਰੋਕਥਾਮ ਲਈ, ਜ਼ਿਲ੍ਹਾ ਫਾਜ਼ਿਲਕਾ ਦੇ ਕਾਰਜ ਬਲ ਨੇ ਵੱਖ-ਵੱਖ ਥਾਵਾ ਤੇ ਅਚਨਚੇਤ ਚੈਕਿੰਗ ਕੀਤੀ। ਜਿਲ੍ਹਾ ਬਾਲ ਸੁਰੱਖਿਆ ਅਫਸਰ, ਰੀਤੂ ਬਾਲਾ ਨੇ ਦੱਸਿਆ ਕਿ ਚੈਕਿੰਗ ਦੌਰਾਨ 3 ਬੱਚਿਆ ਨੂੰ ਬਾਲ ਮਜ਼ਦੂਰੀ ਕਰਦੇ ਪਾਇਆ ਗਿਆ। ਟੀਮ ਨੇ ਘੰਟਾ ਘਰ ਚੌਕ ਜਲਾਲਾਬਾਦ, ਮੇਨ ਬਜਾਰ ਫਾਜ਼ਿਲਕਾ ਅਤੇ ਬੱਸ ਸਟੈਡ ਅਬੋਹਰ ਵਿਖੇ ਥਾਵਾ ਤੇ ਚੈਕਿੰਗ ਕੀਤੀ। ਉਨ੍ਹਾਂ ਕਿਹਾ ਕਿ ਬੱਚਿਆ ਤੋ ਬਾਲ ਮਜ਼ਦੂਰੀ ਕਰਵਾਉਣਾ ਕਾਨੂੰਨੀ ਅਪਰਾਧ ਏ। ਇਸ ਲਈ ਜੇਕਰ ਕਿਸੇ ਨੂੰ ਕੋਈ ਬੱਚਾ ਲੋੜਵੰਦ ਦਿੱਸਦਾ ਏ ਤਾਂ ਉਸ ਦੀ ਜਾਣਕਾਰੀ ਜਿਲ੍ਹਾ ਬਾਲ ਸੁਰੱਖਿਆ ਦਫਤਰ, ਫਾਜਿਲਕਾ ਵਿਖੇ ਦਿੱਤੀ ਜਾ ਸਕਦੀ ਏ ਜਾਂ ਇਸ ਸਬੰਧੀ

ਸੂਚਨਾ ਚਾਇਲਡ ਹੈਲਪ ਲਾਇਨ ਨੰਬਰ 1098 ਤੇ ਦਿੱਤੀ ਜਾ ਸਕਦੀ ਏ ।

-----------------------------------------------

ਪੰਜਾਬ ਵਿਧਾਨ ਸਭਾ ਦੀਆਂ 4 ਸੀਟਾਂ ਦੀ ਜ਼ਿਮਨੀ ਚੋਣ ਵਿਚ ਨਿਤਰੇ ਕੁੱਲ 45 ਉਮੀਦਵਾਰਾ ਦੀ ਕਿਸਮਤ ਦਾ ਫੈਸਲਾ ਕੱਲ ਹੋਵੇਗਾ ।
ਵੋਟਾਂ ਦੀ ਗਿਣਤੀ ਭਲਕੇ 23 ਨਵੰਬਰ ਨੂੰ ਸਵੇਰੇ 8 ਵਜੇ ਸ਼ੁਰੂ ਹੋਵੇਗੀ, ਇਸ ਬਾਬਤ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ । ਸਾਰੇ ਗਿਣਤੀ ਕੇਂਦਰਾਂ ਦੀ ਨਿਗਰਾਨੀ ਸੀ.ਸੀ.ਟੀ.ਵੀ. ਕੈਮਰਿਆਂ ਜ਼ਰੀਏ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਗਿਣਤੀ ਕੇਂਦਰਾਂ ਦੇ ਆਲੇ ਦੁਆਲੇ ਤਿੰਨਪਰਤੀ ਸੁਰੱਖਿਆ ਪ੍ਰਣਾਲੀ ਕਾਇਮ ਕੀਤੀ ਗਈ ਏ, ਜਿਸ ਲਈ ਪੰਜਾਬ ਪੁਲਿਸ ਦੇ ਜਵਾਨ ਤੇ ਅਧਿਕਾਰੀ ਅਤੇ ਕੇਂਦਰੀ ਹਥਿਆਰਬੰਦ ਸੈਨਿਕ ਬਲਾਂ ਨੂੰ ਤਾਇਨਾਤ ਕੀਤਾ ਗਿਆ ਏ।
ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਦੱਸਿਆ ਏ ਕਿ ਵੋਟਾਂ ਦੀ ਗਿਣਤੀ ਲਈ, ਹਰੇਕ ਵਿਧਾਨ ਸਭਾ ਹਲਕੇ ਵਿੱਚ ਇਕ ਇਕ ਕੇਂਦਰ ਸਥਾਪਿਤ ਕੀਤਾ ਗਿਆ ਏ । ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ

ਵਿੱਚ 11 ਉਮੀਦਵਾਰਾਂ ਨੇ ਹਿੱਸਾ  ਲਿਆ ਅਤੇ ਇੱਥੇ 64.01 ਫੀਸਦੀ  ਵੋਟਿੰਗ ਦਰਜ ਕੀਤੀ ਗਈ। ਇਸ ਹਲਕੇ ਦੀਆਂ ਵੋਟਾਂ ਦੀ ਗਿਣਤੀ 18 ਰਾਊਂਡਾਂ ਵਿੱਚ ਹੋਵੇਗੀ।ਹਲਕਾ ਚੱਬੇਵਾਲ ਵਿੱਚ ਕੁੱਲ 6 ਉਮੀਦਵਾਰਾਂ ਵੱਲੋਂ ਚੋਣ ਲੜੀ ਗਈ ਅਤੇ ਇੱਥੋਂ ਦੀਆਂ ਵੋਟਾਂ ਦੀ ਗਿਣਤੀ 15 ਗੇੜਾਂ ਵਿੱਚ ਕੀਤੀ ਜਾਵੇਗੀ। ਚੱਬੇਵਾਲ ਸੀਟ ਉੱਤੇ ਕੁੱਲ 53.43 ਫੀਸਦੀ ਵੋਟਿੰਗ ਹੋਈ ਏ।ਇਸੇ ਤਰ੍ਹਾਂ ਗਿਦੜਬਾਹਾ ਹਲਕੇ ਵਿੱਚ 14 ਉਮੀਦਵਾਰ ਚੋਣ ਮੈਦਾਨ ਵਿੱਚ ਨੇ ਇੱਥੇ ਕੁੱਲ 81.90 ਫੀਸਦੀ ਵੋਟਿੰਗ ਹੋਈ ਏ।ਇਸ ਹਲਕੇ ਦੀਆਂ ਵੋਟਾਂ ਦੀ ਗਿਣਤੀ 13 ਗੇੜਾਂ ਵਿੱਚ ਕੀਤੀ ਜਾਵੇਗੀ ਅਤੇ ਬਰਨਾਲਾ ਹਲਕੇ ਵਿੱਚ 14 ਉਮੀਦਵਾਰਾਂ ਵਿੱਚ ਮੁਕਾਬਲਾ ਰਿਹਾ  ਜਿਥੇ  56.34 ਫੀਸਦੀ ਵੋਟਿੰਗ ਦਰਜ ਕੀਤੀ ਗਈ। ਇਸ ਹਲਕੇ ਦੀਆਂ ਵੋਟਾਂ ਦੀ ਗਿਣਤੀ 16 ਗੇੜਾਂ ਵਿੱਚ ਕੀਤੀ ਜਾਵੇਗੀ।

-----------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਸੰਗਠਿਤ ਅਪਰਾਧ ਖਿਲਾਫ  ਜੰਗ ਵਿੱਚ ਇੱਕ ਵੱਡੀ ਸਫਲਤਾ ਦਰਜ ਕਰਦੇ ਹੋਏ, ਜਲੰਧਰ ਦੇ ਪਿੰਡ ਫੋਲੜੀਵਾਲ ਨੇੜੇ ਇਕ ਜ਼ਬਰਦਸਤ ਮੁੱਠਭੇੜ ਅਤੇ ਗੋਲੀਬਾਰੀ ਤੋਂ

ਬਾਅਦ ਕਥਿਤ ਲੰਡਾ ਗਿਰੋਹ ਦੇ 2 ਖ਼ਤਰਨਾਕ ਗੈਂਗਸਟਰਾਂ ਨੂੰ ਗ੍ਰਿਫ਼ਤਾਰ ਕੀਤਾ ਏ । ਇਨ੍ਹਾਂ ਗੈਂਗਸਟਰਾਂ ਦੇ ਕਬਜ਼ੇ ਚੋਂ 7 ਹਥਿਆਰਾਂ ਸਮੇਤ ਛੇ ਮੈਗਜ਼ੀਨਾਂ ਅਤੇ ਛੇ ਕਾਰਤੂਸ ਬਰਾਮਦ ਕੀਤੇ ਗਏ ਨੇ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਭੀਖਾ ਨੰਗਲ ਕਰਤਾਰਪੁਰ ਵਾਸੀ ਜਸਕਰਨ ਅਤੇ ਫਗਵਾੜਾ ਦੇ ਮੁਹੱਲਾ ਥਾਣੇਦਾਰਾ ਦੇ ਰਹਿਣ ਵਾਲੇ ਫਤਿਹਦੀਪ ਸਿੰਘ ਉਰਫ ਪ੍ਰਦੀਪ ਸੈਣੀ ਵਜੋਂ ਹੋਈ ਏ । ਦੋਵਾਂ ਮੁਲਜ਼ਮਾਂ ਨੂੰ ਜਲੰਧਰ ਥਾਣਾ ਸਦਰ,  ਵਿਖੇ ਦਰਜ ਮਾਮਲਾ  ਦੇ ਸਬੰਧ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਏ । ਜਲੰਧਰ ਦੇ ਪੁਲਿਸ ਕੰਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਗੈਂਸਟਰਾਂ ਵਲੋਂ ਗੋਲੀਬਾਰੀ ਅਤੇ ਪੁਲਿਸ ਵਲੋਂ ਜਵਾਬੀ ਕਾਰਵਾਈ ਦੌਰਾਨ, ਦੋਵੇਂ ਮੁਲਜ਼ਮਾਂ ਦੇ ਨਾਲ-ਨਾਲ ਦੋ ਪੁਲਿਸ ਅਧਿਕਾਰੀ ਵੀ ਗੋਲੀ ਲੱਗਣ ਨਾਲ ਜ਼ਖਮੀ ਹੋ ਗਏ ਜੋ ਸਥਾਨਕ ਹਸਪਤਾਲ ਵਿੱਚ ਜ਼ੇਰੇ-ਇਲਾਜ ਨੇ । ਉਨ੍ਹਾਂ ਕਿਹਾ ਕਿ ਗੈਂਗਸਟਰਾਂ ਦੇ ਨੈੱਟਵਰਕ ਅਤੇ ਹੋਰ ਅਪਰਾਧਿਕ ਸਮੂਹਾਂ ਨਾਲ ਸੰਭਾਵਿਤ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ  ਏ ।

---------------------------------------------------------

ਐਨ.ਸੀ.ਸੀ ਜਲੰਧਰ ਦੇ ਗਰੁੱਪ ਕਮਾਂਡਰ ਬ੍ਰਿ-ਗੇਡੀਅਰ ਅਜੈ ਤਿਵਾਰੀ ਨੇ ਕੈਡਟਸ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਐਨ.ਸੀ.ਸੀ ਦੁਨੀਆਂ ਦੀ ਸਭ ਤੋਂ ਵੱਡੀ ਵਰਦੀਧਾਰੀ ਸੰਸਥਾ ਏ , ਜੋ ਉਹਨਾਂ ਨੂੰ ਜੀਵਨ ਵਿੱਚ ਏਕਤਾ ਅਤੇ ਅਨੁਸ਼ਾਸਨ ਦਾ ਮੂਲ ਮੰਤਰ ਸਿਖਾਉਂਦੀ ਏ। ਉਨ੍ਹਾਂ ਨੇ ਸਮਾਂ ਪ੍ਰਬੰਧਨ, ਸਮਾਂ ਵੰਡ ਅਤੇ ਜੀਵਨ ਵਿੱਚ ਇਕ ਮਿਸ਼ਨ ਦੀ ਭੂਮਿਕਾ 'ਤੇ ਵੀ ਜ਼ੋਰ ਦਿੱਤਾ। DAV ਇੰਸਟੀਟਿਊਟ ਆਫ ਇੰਜੀਨੀਅਰਿੰਗ ਅਤੇ ਟੈਕਨੋਲੋਜੀ ਕਾਲਜ ਵਿੱਚ ਆਯੋਜਿਤ ਕੀਤੇ ਜਾ ਰਹੇ 10 ਦਿਨਾਂ ਦੇ ਐਨ.ਸੀ.ਸੀ ਕੈਂਪ ਦਾ ਦੌਰਾ ਕਰਨ ਦੌਰਾਨ ਉਹਨਾਂ ਨੇ ਕੈਡਟਸ ਨੂੰ ਸਮਝਾਇਆ ਕਿ ਅਨੁਸ਼ਾਸਨ ਅਤੇ ਲਗਾਤਾਰ ਕੋਸ਼ਿਸ਼ਾਂ ਰਾਹੀਂ, ਉਹ ਆਪਣਾ ਟੀਚਾ ਪ੍ਰਾਪਤ ਕਰ ਸਕਦੇ ਨੇ। ਉਹ ਕੈਂਪ ਦੇ ਨਿਰੀਖਣ ਲਈ ਪਹੁੰਚੇ ਸਨ। ਕੈਡਟਸ ਨੇ ਉਨ੍ਹਾਂ ਨੂੰ ਕੈਂਪ ਦੇ ਲੇਆਊਟ, ਟ੍ਰੇਨਿੰਗ ਅਤੇ ਪ੍ਰਸ਼ਾਸਨਿਕ ਤਿਆਰੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਇਸ ਤੋਂ ਬਾਅਦ ਬ੍ਰਿ-ਗੇਡੀਅਰ ਤਿਵਾਰੀ ਨੇ ਕੈਂਪ ਕਮਾਂਡੈਂਟ ਨਾਲ, ਭਾਰਤੀ ਫੌਜ ਨਾਲ ਐਨ.ਸੀ.ਸੀ ਕੈਡਟਸ ਲਈ ਅਗਲੇ ਕੈਂਪਾਂ 'ਤੇ

ਵਿਸਥਾਰ ਨਾਲ ਚਰਚਾ ਕੀਤੀ ਅਤੇ 2 ਪੰਜਾਬ ਐਨ.ਸੀ.ਸੀ ਬਟਾਲੀਅਨ ਦੇ ਸਾਰੇ ਮੈਂਬਰਾਂ ਦੀ ਉਨ੍ਹਾਂ ਵਲੋਂ ਕੈਡੇਟਸ ਨੂੰ ਸ਼ਾਨਦਾਰ ਸਿਖਲਾਈ , ਖਾਣ-ਪੀਣ ਅਤੇ ਰਹਿਣ-ਸਹਿਣ ਦੀਆਂ ਵਧੀਆ ਸਹੂਲਤਾਂ ਉਪਲੱਬਧ ਕਰਾਉਣ ਲਈ ਸ਼ਲਾਘਾ ਵੀ ਕੀਤੀ ।

-----------------------------------------------------------

ਮੁਹਾਲੀ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੁਲਿਸ ਵਿਭਾਗ ਵੱਲੋਂ ਐਮਿਟੀ ਯੂਨੀਵਰਸਿਟੀ, ਦੇ ਸਹਿਯੋਗ ਨਾਲ ਟਰੈਫਿਕ ਨਿਯਮਾਂ ਅਤੇ ਮੁਫ਼ਤ ਕਾਨੂੰਨੀ ਸਹਾਇਤਾ ਵਿਸ਼ਿਆਂ ਤੇ ਯੂਨੀਵਰਸਿਟੀ ਵਿਖੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਦੇ ਮੈਂਬਰ ਸਕੱਤਰ, ਮਨਜਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਦੱਸਿਆ ਅਨੁਸੂਚਿਤ ਜਾਤੀ ਜਾਂ ਕਬੀਲੇ ਦੇ ਮੈਂਬਰ, ਔਰਤਾਂ, ਬੱਚੇ, ਮਾਨਸਿਕ ਰੋਗੀ, ਦਿਵਿਆਂਗ, ਹਿਰਾਸਤ ਵਿਚ ਵਿਅਕਤੀ, ਜੇਲ੍ਹਾਂ ਵਿਚ ਬੰਦ ਹਵਾਲਾਤੀ ਅਤੇ ਕੈਦੀ ਸਮੇਤ ਹਰ ਉਹ ਵਿਅਕਤੀ ਜਿਸ ਦੀ ਸਾਲਾਨਾ ਆਮਦਨ ਤਿੰਨ ਲੱਖ ਰੁਪਏ ਦੇ ਘੱਟ ਏ , ਮੁਫਤ ਕਾਨੂੰਨੀ ਸਹਾਇਤਾ ਪ੍ਰਾਪਤ ਕਰਨ ਦਾ ਹੱਕਦਾਰ ਏ । ਉਨ੍ਹਾਂ

ਦੱਸਿਆ ਕਿ ਮੁਫਤ ਕਾਨੂੰਨੀ ਸਹਾਇਤਾ ਵਿਚ, ਖਰਚਿਆਂ ਦੀ ਅਦਾਇਗੀ ਜਿਲ੍ਹਾ ਕਾਨੂਨੀ ਸੇਵਾਵਾਂ ਅਥਾਰਟੀ ਵਲੋਂ ਕੀਤੀ ਜਾਂਦੀ ਏ । ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਵਧੀਕ ਮੈਂਬਰ ਸਕੱਤਰ ਕ੍ਰਿਸ਼ਨ ਕੁਮਾਰ ਸਿੰਗਲਾ ਨੇ ਟ੍ਰੈਫਿਕ ਉਲੰਘਣਾ ਦੇ ਸਬੰਧ ਵਿੱਚ ਮੋਟਰ ਵਾਹਨ ਐਕਟ ਦੇ ਦੰਡ ਦੇ ਉਪਬੰਧਾਂ ਨਾਲ ਸਬੰਧਤ ਜਾਣਕਾਰੀ ਦਿਤੀ । ਉਪ ਪੁਲਿਸ ਕਪਤਾਨਕਰਨੈਲ ਸਿੰਘ, ਨੇ ਦਸਿਆ ਕਿ ਜੇਕਰ 18 ਸਾਲ ਤੋਂ ਘੱਟ ਉਮਰ ਦਾ ਕੋਈ ਬੱਚਾ ਵਹੀਕਲ ਚਲਾਉਂਦਾ ਏ ਤਾਂ ਉਸ ਦੇ ਮਾਪਿਆਂ ਨੂੰ ਤਿੰਨ ਸਾਲ ਦੀ ਕੈਦ ਅਤੇ 25 ਹਜ਼ਾਰ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਏ । ਇਸ ਤੋਂ ਇਲਾਵਾ ਜੇਕਰ ਕੋਈ ਵਿਅਕਤੀ 18 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਵਹੀਕਲ ਚਲਾਉਣ ਲਈ ਦਿੰਦਾ ਏ ਤਾਂ ਉਹ ਵੀ ਸਜ਼ਾ ਦਾ ਭਾਗੀਦਾਰ ਏ । ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੜਕ ਹਾਦਸਿਆਂ ਵਿਚ ਜ਼ਖਮੀ ਵਿਅਕਤੀਆਂ ਦੀ ਮਦਦ ਕਰਨ ਲਈ ਵੀ ਪ੍ਰੇਰਿਤ ਕੀਤਾ ।

---------------------------------------------------------

ਸਮਾਜਿਕ ਸੁਰੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਵਿਭਾਗ

ਡਾਇਰੈਕਟਰ ਵੱਲੋ ਜਾਰੀ ਦਿਸ਼ਾ ਨਿਰਦੇਸ਼ ਤਹਿਤ ਬਾਲ ਮਜ਼ਦੂਰੀ ਦੀ ਰੋਕਥਾਮ ਲਈ, ਜ਼ਿਲ੍ਹਾ ਫਾਜ਼ਿਲਕਾ ਦੇ ਕਾਰਜ ਬਲ ਨੇ ਵੱਖ-ਵੱਖ ਥਾਵਾ ਤੇ ਅਚਨਚੇਤ ਚੈਕਿੰਗ ਕੀਤੀ । ਜਿਲ੍ਹਾ ਬਾਲ ਸੁਰੱਖਿਆ ਅਫਸਰ, ਰੀਤੂ ਬਾਲਾ ਨੇ ਦੱਸਿਆ ਕਿ ਚੈਕਿੰਗ ਦੌਰਾਨ 3 ਬੱਚਿਆ ਨੂੰ ਬਾਲ ਮਜ਼ਦੂਰੀ ਕਰਦੇ ਪਾਇਆ ਗਿਆ। ਟੀਮ ਨੇ ਘੰਟਾ ਘਰ ਚੌਕ ਜਲਾਲਾਬਾਦ, ਮੇਨ ਬਜਾਰ ਫਾਜ਼ਿਲਕਾ ਅਤੇ ਬੱਸ ਸਟੈਡ ਅਬੋਹਰ ਵਿਖੇ ਥਾਵਾ ਤੇ ਚੈਕਿੰਗ ਕੀਤੀ। ਉਨ੍ਹਾਂ ਕਿਹਾ ਕਿ ਬੱਚਿਆ ਤੋ ਬਾਲ ਮਜ਼ਦੂਰੀ ਕਰਵਾਉਣਾ ਕਾਨੂੰਨੀ ਅਪਰਾਧ ਏ । ਇਸ ਲਈ ਜੇਕਰ ਕਿਸੇ ਨੂੰ ਕੋਈ ਬੱਚਾ ਲੋੜਵੰਦ ਦਿੱਸਦਾ ਏ ਤਾਂ ਉਸ ਦੀ ਜਾਣਕਾਰੀ ਜਿਲ੍ਹਾ ਬਾਲ ਸੁਰੱਖਿਆ ਦਫਤਰ, ਫਾਜਿਲਕਾ ਵਿਖੇ ਦਿੱਤੀ ਜਾ ਸਕਦੀ ਏ ਜਾਂ ਇਸ ਸਬੰਧੀ ਸੂਚਨਾ ਚਾਇਲਡ ਹੈਲਪ ਲਾਇਨ ਨੰਬਰ 1098 ਤੇ ਦਿੱਤੀ ਜਾ ਸਕਦੀ ਏ ।

---------------------------------------------------------

ਸਵੱਛ ਭਾਰਤ ਮਿਸ਼ਨ ਤਹਿਤ ਪਠਾਨਕੋਟ ਦੇ ਮਿਊਨਸੀਪਲ ਕਾਰਪੋਰੇਸ਼ਨ ਦੇ MRF ਸੈਂਟਰ ਸਰਨਾ ਵਿਖੇ ਇਕ ਵਰਕਸ਼ਾਪ ਲਗਾਈ

ਗਈ,ਜਿਸ ਵਿਚ ਐਸ ਡੀ ਕਾਲਜ ਆਫ ਐਜੂਕੇਸ਼ਨ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸਦੀ ਅਗਵਾਈ ਮਾਹਰ ਸੰਦੀਪ ਗੌਤਮ ਨੇ ਕੀਤੀ ਅਤੇ ਵਿਦਿਆਰਥੀਆਂ ਨੂੰ ਗਿੱਲਾ ਕੂੜਾ ਘਰਾਂ ਚੋਂ ਇਕੱਠਾ ਕਰਕੇ ,ਡੀ ਕੰਪੋਜ ਕਰਨ ਤੋਂ ਬਾਅਦ 30 ਤੋਂ 40 ਦਿਨਾਂ ਦੇ ਵਿੱਚ ਖਾਦ ਬਨਓਣ ਬਾਰੇ ਦੱਸਿਆ।

-----------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ, ਵਿਕਸਤ ਰਾਸ਼ਟਰ ਬਣਨ ਲਈ, ਸਾਰੇ ਨਾਗਰਿਕਾਂ ਵਲੋਂ 'ਰਾਸ਼ਟਰ ਪਹਿਲਾਂ' ,ਪਹੁੰਚ ਅਪਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ।
- ਸੰਸਦ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕੇ ਚੋਗਿਰਦੇ ਨੂੰ ਸਾਫ ਰੱਖਣਾ, ਹਰ ਇਕ ਵਿਅਕਤੀ ਦੀ ਜ਼ਿੱਮੇਵਾਈ ਏ।
- ਪੰਜਾਬ ਵਿਧਾਨ ਸਭਾ ਦੀਆਂ 4 ਸੀਟਾਂ ਦੀ ਜ਼ਿਮਨੀ ਚੋਣ ਵਿਚ ਨਿਤਰੇ ਕੁੱਲ 45 ਉਮੀਦਵਾਰਾ ਦੀ ਕਿਸਮਤ ਦਾ ਫੈਸਲਾ ਕੱਲ ਹੋਵੇਗਾ ।

- ਜਲੰਧਰ ਕਮਿਸ਼ਨਰੇਟ ਪੁਲਿਸ ਨੇ ਜਲੰਧਰ ਚੋਂ, ਲੰਡਾ ਗਿਰੋਹ ਦੇ ਦੋ ਖ਼ਤਰਨਾਕ ਗੈਂਗਸਟਰਾਂ ਨੂੰ ਹਥਿਆਰਾਂ ਸਮੇਤ ਕੀਤਾ ਗ੍ਰਿਫ਼ਤਾਰ ।